# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-05-2024**

- ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਆਖਰੀ ਦਿਨ ਵੱਖ ਵੱਖ ਲੋਕਸਭਾ ਹਲਕਿਆਂ ਵਿਚ ਕਈ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।
- ਬਠਿੰਡਾ ਵਿਚ ਕਾਊਂਟਰ ਇੰਟੈਲੀਜੈਂਸ ਤੇ ਪੁਲਸ ਨੇ ਖਾਲਿਸਤਾਨੀ ਨਾਅਰੇ ਲਿਖਣ ਦੇ ਮਾਮਲੇ ਵਿਚ ਸਿੱਖਸ ਫਾਰ ਜਸਟਿਸ ਦੇ ਤਿੰਨ ਕਾਰਕੁੰਨਾਂ ਨੂੰ ਗ੍ਰਿਫਤਾਰ ਕੀਤਾ।
- ਕਣਕ ਦੀ ਨਾੜ ਖੇਤਾਂ ਵਿਚ ਹੀ ਸਾੜਨ ਦੇ ਮਾਮਲੇ ਵਧਣ ਲਗੇ, ਸਰਹੱਦੀ ਜ਼ਿਲੇ ਅੰਮ੍ਰਿਤਸਰ, ਤਰਨਤਾਰਨ ਅਤੇ ਗੁਰਦਾਸਪੁਰ ਇਸ ਵਿਚ ਮੋਹਰੀ ਬਣੇ।

- ਮੌਸਮ ਵਿਭਾਗ ਨੇ 16 ਤੋਂ 18 ਮਈ ਵਿਚਾਲੇ ਪੰਜਾਬ ਦੇ ਕਈ ਜ਼ਿਲਿਆਂ ਵਿੱਚ ਜਬਰਦਸਤ ਲੂ ਚੱਲਣ ਦੀ ਚੇਤਾਵਨੀ ਦੇਂਦਿਆਂ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।

-----------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਛੇਵੇਂ ਤੇ ਆਖਰੀ ਦਿਨ ਵੱਖ ਵੱਖ ਲੋਕਸਭਾ ਹਲਕਿਆਂ ਲਈ ਪ੍ਰਮੁੱਖ ਪਾਰਟੀਆਂ ਦੇ ਉਮੀਦਵਾਰਾਂ ਸਮੇਤ ਕਈ ਆਜ਼ਾਦ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਨੇ। ਇਸ ਤੋਂ ਪਹਿਲਾਂ ਨਾਮਜ਼ਦਗੀਆਂ ਭਰਨ ਦੇ ਕੱਲ੍ਹ ਪੰਜਵੇਂ ਦਿਨ 13 ਲੋਕ ਸਭਾ ਹਲਕਿਆਂ ਲਈ ਕੁੱਲ 209 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਸਨ । ਨਾਮਜਦਗੀਆਂ ਦੀ ਪੜਤਾਲ 15 ਮਈ ਨੂੰ ਕੀਤੀ ਜਾਵੇਗੀ ਅਤੇ 17 ਮਈ ਤਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ। ਨਾਮ ਵਾਪਸੀ ਮਗਰੋਂ ਹੀ ਚੋਣ ਮੈਦਾਨ ਵਿਚ ਨਿਤਰੇ ਉਮੀਦਵਾਰਾਂ ਦੀ ਸਥਿਤੀ ਸਾਫ ਹੋ ਜਾਵੇਗੀ ਅਤੇ ਆਜ਼ਾਦ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਜਾਣਗੇ। ਸੂਬੇ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6

ਵਜੇ ਤੱਕ ਵੋਟਾਂ ਪੈਣਗੀਆਂ । ਭਾਰਤੀ ਜਨਤਾ ਪਾਰਟੀ ਦੇ ਅਨੰਦਪੁਰ ਸਾਹਿਬ ਤੋਂ ਡਾਕਟਰ ਸੁਭਾਸ਼ ਸ਼ਰਮਾ ਅਤੇ ਫਤਹਿਗੜ੍ਹ ਸਾਹਿਬ ਤੋਂ ਗੇਜਾ ਰਾਮ ਵਾਲਮੀਕਿ ਨੇ ਅੱਜ ਨਾਮਜ਼ਦਗੀ ਕਾਗਜ ਦਾਖ਼ਲ ਕੀਤੇ । ਕਾਂਗਰਸ ਪਾਰਟੀ ਦੇ ਫਤਹਿਗੜ੍ਹ ਸਾਹਿਬ ਤੋਂ ਡਾਕਟਰ ਅਮਰ ਸਿੰਘ, ਆਮ ਆਦਮੀ ਪਾਰਟੀ ਦੇ ਫਰੀਦਕੋਟ ਤੋਂ ਕਰਮਜੀਤ ਅਨਮੋਲ ਅਤੇ ਅਕਾਲੀ ਦਲ ਅੰਮ੍ਰਿਤਸਰ ਦੇ ਈਮਾਨ ਸਿੰਘ ਮਾਨ ਨੇ ਅੰਮ੍ਰਿਤਸਰ ਤੋਂ ਆਪਣੇ ਨਾਮਜ਼ਦਗੀ ਕਾਗਜ ਭਰੇ ਨੇ ।

---------------------------------------------------------------

ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਸੂਬੇ ਦੇ ਕੁੱਲ ਵੋਟਰਾਂ ਦੀ ਅੰਤਮ ਸੂਚੀ ਜਾਰੀ ਕਰ ਦਿੱਤੀ ਏ । ਇਸ ਮੁਤਾਬਕ ਵੋਟਰਾਂ ਦੀ ਕੁੱਲ ਗਿਣਤੀ 2 ਕਰੋੜ 14 ਲੱਖ 61 ਹਜ਼ਾਰ 739 ਏ । ਇਸ ਵਿਚ 1 ਕਰੋੜ 12 ਲੱਖ 86 ਹਜ਼ਾਰ 726 ਮਰਦ, 1 ਕਰੋੜ 1 ਲੱਖ 74 ਹਜ਼ਾਰ 240 ਔਰਤ ਵੋਟਰ ਅਤੇ 773 ਹੋਰ ਵੋਟਰ ਸ਼ਾਮਲ ਨੇ । ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਸੂਬੇ ਵਿਚ 4 ਮਈ ਨਵੀਆਂ ਵੋਟਾਂ ਬਣਾਉਣ ਦੀ ਆਖਰੀ ਤਾਰੀਖ ਸੀ ਅਤੇ 4 ਮਈ ਤੱਕ ਜਮ੍ਹਾਂ ਕਰਵਾਏ ਗਏ ਫਾਰਮਾਂ

ਦਾ ਨਿਪਟਾਰਾ 14 ਮਈ ਤੱਕ ਕੀਤਾ ਜਾਣਾ ਸੀ। ਉਨ੍ਹਾਂ ਦੱਸਿਆ ਕਿ 5 ਲੱਖ 38 ਹਜ਼ਾਰ 715 ਵੋਟਰ 18- 19 ਸਾਲ ਦੇ ਉਹਨਾਂ ਸਮੂਹਾਂ ਨਾਲ ਸਬੰਧ ਰੱਖਦੇ ਨੇ ਜਿਹੜੇ ਕਿ ਪਹਿਲੀ ਵਾਰ ਵੋਟ ਪਾਉਣਗੇ। ਇਸੇ ਤਰ੍ਹਾਂ 1 ਲੱਖ 89 ਹਜ਼ਾਰ 855 ਵੋਟਰ 85 ਸਾਲ ਤੋਂ ਵੱਧ ਉਮਰ ਦੇ ਨੇ। ਦਿਵਿਆਂਗ ਵੋਟਰਾਂ ਦੀ ਗਿਣਤੀ 1 ਲੱਖ 58 ਹਜ਼ਾਰ 718 ਏ। ਸਿਬਿਨ ਸੀ ਨੇ ਦੱਸਿਆ ਕਿ 13 ਲੋਕ ਸਭਾ ਹਲਕਿਆਂ ਲਈ ਕੁੱਲ 24,451 ਪੋਲਿੰਗ ਸਟੇਸ਼ਨ ਹੋਣਗੇ, ਜਿਨ੍ਹਾਂ ਵਿਚੋਂ 16,517 ਪੇਂਡੂ ਅਤੇ 7,934 ਸ਼ਹਿਰੀ ਖੇਤਰਾਂ ਵਿਚ ਬਣਾਏ ਗਏ ਨੇ। ਉਨ੍ਹਾਂ ਕਿਹਾ ਕਿ ਵੋਟ ਕੇਂਦਰਾਂ ਤੇ ਵੋਟਰਾਂ ਦੀ ਸਹੂਲਤ ਲਈ ਸਾਰੇ ਬੰਦੋਬਸਤ ਕਰਨ ਲਈ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀਆਂ ਦੀ ਟੀਮ ਪੂਰੀ ਤਨਦੇਹੀ ਨਾਲ ਲੱਗੀ ਹੋਈ ਏ। ਉਨ੍ਹਾਂ ਅਪੀਲ ਕੀਤੀ ਕਿ 'ਇਸ ਵਾਰ 70 ਪਾਰ' ਦੇ ਟੀਚੇ ਦੀ ਪੂਰਤੀ ਲਈ ਵੋਟਰ ਵੱਧ-ਚੜ੍ਹ ਕੇ ਵੋਟਾਂ ਪਾਉਣ।

--------------------------------------------------------

ਪੰਜਾਬੀ ਦੇ ਨਾਮਵਰ ਥੀਏਟਰ ਕਲਾਕਾਰ ਪਦਮਸ਼੍ਰੀ ਪ੍ਰਾਣ ਸੱਭਰਵਾਲ ਨੇ ਲੋਕਾਂ ਨੂੰ ਲੋਕਸਭਾ ਚੋਣਾਂ ਵਿਚ ਆਪਣਾ ਵੋਟ ਫਰਜ ਸਮਝ ਕੇ ਪਾਉਣ ਦੀ

ਅਪੀਲ ਕੀਤੀ ਏ। ਆਪਣੇ ਸੁਨੇਹੇ ਵਿਚ ਪਦਮਸ਼੍ਰੀ ਪ੍ਰਾਣ ਸੱਭਰਵਾਲ ਨੇ ਕਿਹਾ ਕਿ ਖ਼ਾਸਤੌਰ ਤੇ ਨੌਜਵਾਨ ਵੋਟਰਾਂ ਨੂੰ ਇਸ ਵਿਚ ਪਿੱਛੇ ਨਹੀਂ ਰਹਿਣਾ ਚਾਹੀਦਾ ਏ।

---------------------------------------------------

ਬਠਿੰਡਾ ਜ਼ਿਲੇ ਦੇ ਗੁਰਦੁਆਰਾ ਕਿਲ੍ਹਾ ਮੁਬਾਰਕ ਵਿਖੇ ਅੱਜ ਜੇਠ ਮਹੀਨੇ ਦੀ ਸੰਗਰਾਂਦ ਵਾਲੇ ਦਿਨ ਸਵੀਪ ਗਤੀਵਿਧੀਆਂ ਤਹਿਤ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਬਠਿੰਡਾ ਸ਼ਹਿਰੀ ਸਵੀਪ ਟੀਮ ਮੈਂਬਰਾਂ ਨੇ ਲੋਕਾਂ ਨੂੰ ਆਪਣੀ ਵੋਟ ਦੀ ਵਰਤੋਂ ਕਰਕੇ ਭਾਰਤੀ ਲੋਕਤੰਤਰ ਨੂੰ ਮਜਬੂਤ ਕਰਨ ਸਬੰਧੀ ਜਾਗਰੂਕ ਕੀਤਾ। ਗੁਰਦੁਆਰਾ ਸਾਹਿਬ ਕਿਲ੍ਹਾ ਮੁਬਾਰਕ ਵਿਖੇ ਨਤਮਸਤਕ ਹੋਣ ਆਈ ਸੰਗਤ ਨੂੰ ਟੀਮ ਮੈਂਬਰਾਂ ਨੇ ਵੋਟ ਦੀ ਮਹੱਤਤਾ ਬਾਰੇ ਦੱਸਿਆ ਅਤੇ ਚੋਣ ਕਮਿਸ਼ਨ ਵਲੋਂ ਲਾਂਚ ਵੋਟਿੰਗ, ਸਕਸ਼ਮ ਐਪ, ਵੋਟਰ ਹੈਲਪ ਲਾਈਨ, ਸੀ-ਵੀਜ਼ਲ, ਈਡੀਐਸ ਅਤੇ ਕੇ.ਵਾਈ.ਸੀ ਐਪਸ ਸਬੰਧੀ ਜਾਣਕਾਰੀ ਵੀ ਦਿੱਤੀ। ਏਧਰ ਬਰਨਾਲਾ ਜ਼ਿਲ੍ਹਾ ਸਵੀਪ ਟੀਮ ਨੇ ਵੀ ਸੰਗਰਾਂਦ ਦੇ ਮੌਕੇ ਤੇ ਅੜੀਸਰ ਗੁਰਦੁਆਰਾ ਸਾਹਿਬ ਹੰਢਿਆਇਆ ਵਿਖੇ ਸੰਗਤਾਂ ਨੂੰ ਲੋਕਸਭਾ ਚੋਣਾਂ ਦੌਰਾਨ ਵੋਟ

ਪਾਉਣ ਲਈ ਪ੍ਰੇਰਿਆ ਅਤੇ ਵੋਟਾਂ ਦਾ ਸੁਨੇਹਾ ਗੁਰੂ ਘਰ ਤੋਂ ਲੈ ਕੇ ਜਾਂਦਿਆਂ ਟੀਮ ਨੇ ਹਰ ਇਕ ਸ਼ਰਧਾਲੂ ਨੂੰ ਆਪਣੀ ਵੋਟ ਦੀ ਵਰਤੋਂ ਕਰਨ ਲਈ ਆਖਿਆ। ਇਸ ਸਬੰਧੀ ਪੋਸਟਰ ਵੀ ਵੰਡੇ ਗਏ। ਵੋਟਰਾਂ ਨੂੰ ਚੋਣਾਂ ਵਿਚ ਵੱਧ ਤੋਂ ਵੱਧ ਭਾਗੀਦਾਰੀ ਵਧਾਉਣ, ਬਿਨਾਂ ਕਿਸੇ ਲਾਲਚ ਜਾਂ ਡਰ ਦੇ ਵੋਟ ਪਾਉਣ ਲਈ ਜਾਗਰੂਕ ਕੀਤਾ ਗਿਆ ਅਤੇ ਵੋਟ ਪਾਉਣ ਸਬੰਧੀ ਆਉਣ ਵਾਲੀਆਂ ਸਮੱਸਿਆਵਾਂ, ਈ.ਵੀ.ਐੱਮ. ਰਾਹੀਂ ਵੋਟ ਪਾਉਣਾ ਆਦਿ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ । ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਤੋਂ ਅਨਾਊਂਸਮੈਂਟ ਕਰਵਾ ਕੇ ਵੀ ਲੋਕਾਂ ਨੂੰ ਚੋਣਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਏ।

------------------------------------------------------------

ਬਠਿੰਡਾ ਵਿਚ ਕਾਊਂਟਰ-ਇੰਟੈਲੀਜੈਂਸ ਅਤੇ ਬਠਿੰਡਾ ਪੁਲਸ ਨੇ ਸਿੱਖਸ ਫਾਰ ਜਸਟਿਸ SFJ ਦੇ ਨਿਊਯਾਰਕ ਸਥਿਤ ਮਾਸਟਰ ਮਾਈਂਡ ਗੁਰਪਤਵੰਤ ਪੰਨੂ ਦੀ ਹਮਾਇਤ ਵਾਲੇ ਤਿੰਨ ਕਾਰਕੁੰਨਾਂ ਨੂੰ ਗ੍ਰਿਫਤਾਰ ਕੀਤਾ ਏ। ਇਸ ਦੀ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਐੱਕਸ 'ਤੇ ਦਿੱਤੀ ਏ। ਦੱਸਿਆ ਜਾਂਦਾ ਏ ਕਿ ਬਠਿੰਡਾ ਤੇ ਦਿੱਲੀ

ਸਮੇਤ ਵੱਖ-ਵੱਖ ਜਨਤਕ ਥਾਵਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖਣ ਦੀਆਂ ਘਟਨਾਵਾਂ ਵਿਚ ਇਹ ਕਾਰਕੁੰਨ ਸ਼ਾਮਲ ਰਹੇ ਨੇ। ਇਨ੍ਹਾਂ ਕਾਰਕੁੰਨਾਂ ਨੇ ਹੀ ਬੀਤੇ 27 ਅਪ੍ਰੈਲ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅਤੇ ਕੋਰਟ ਕੰਪਲੈਕਸ ਬਠਿੰਡਾ ਦੀਆਂ ਕੰਧਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਸਨ।

-------------------------------------------------------

ਇੰਟਰੋ: ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੇ ਮਾਮਲੇ ਵੀ ਲਗਾਤਾਰ ਜ਼ੋਰ ਫੜ ਰਹੇ ਨੇ। ਖਾਸ ਤੌਰ ਤੇ ਸਰਹੱਦੀ ਜ਼ਿਲਿਆਂ ਵਿਚ ਅਜਿਹੀਆਂ ਘਟਨਾਵਾਂ ਵੱਧ ਰਹੀਆਂ ਨੇ। ਕਲ ਇਕ ਦਿਨ ਵਿਚ ਹੀ ਅਜਿਹੇ 1 ਹਜਾਰ 771 ਮਾਮਲੇ ਸਾਹਮਣੇ ਆਏ ਨੇ ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 6 ਹਜ਼ਾਰ 804 ਹੋ ਗਈ ਏ। ਅੱਗ ਲਗਾਉਣ ਦੀਆਂ ਸਬ ਤੋਂ ਵੱਧ ਘਟਨਾਵਾਂ ਗੁਰਦਾਸਪੁਰ ਜ਼ਿਲੇ ਵਿਚ 327 ਦਰਜ਼ ਕੀਤੀਆਂ ਗਈਆਂ ਨੇ। ਅੰਮ੍ਰਿਤਸਰ ਵਿਚ 311 ਜਦਕਿ ਤਰਨਤਾਰਨ ਵਿਚ 266 ਥਾਂਵਾਂ ਤੇ ਖੇਤਾਂ

ਵਿਚ ਹੀ ਨਾੜ ਨੂੰ ਅੱਗ ਲਗਾਈ ਗਈ। *ਹੋਰ ਵੇਰਵਾ ਇਸ ਰਿਪੋਰਟ ਵਿਚ:*

*ਡਿਸਪੈਚ: ਇਕ ਪਾਸੇ ਤਾਪਮਾਨ ਵਿਚ ਵਾਧੇ ਨਾਲ ਮੌਸਮ ਲਗਾਤਾਰ ਗਰਮ ਹੋ ਰਿਹਾ ਏ ਅਤੇ ਲੂ ਵਰਗੇ ਹਾਲਾਤ ਬਣੇ ਹੋਏ ਨੇ ਤੇ ਦੂਜੇ ਪਾਸੇ ਖੇਤਾਂ ਵਿਚ ਨਾੜ ਨੂੰ ਲਗਾਈ ਜਾ ਰਹੀ ਅੱਗ ਵੀ ਆਮ ਲੋਕਾਂ ਲਈ ਜਾਨਲੇਵਾ ਸਾਬਤ ਹੋ ਰਹੀ ਏ। ਅੰਮ੍ਰਿਤਸਰ ਤੇ ਗੁਰਦਾਸਪੁਰ ਜ਼ਿਲਿਆਂ ਵਿਚ ਪਿਛਲੇ ਦਿਨੀਂ ਕੁਝ ਅਜਿਹੀਆਂ ਘਟਨਾਵਾਂ ਵਾਪਰੀਆਂ ਜਿਨਾਂ ਵਿਚ ਰਾਹ ਤੁਰੇ ਜਾਂਦੇ ਲੋਕਾਂ ਨੂੰ ਇਸ ਅੱਗ ਦੇ ਧੂਏਂ ਕਾਰਣ ਆਪਣੀ ਜਾਣ ਗੁਆਨੀ ਪਈ। ਖ਼ਤਰਨਾਕ ਬਣਦੀ ਇਹ ਸਥਿਤੀ ਵਾਤਾਵਰਨ ਨੂੰ ਵੀ ਦੂਸ਼ਿਤ ਕਰ ਰਹੀ ਏ ਅਤੇ ਜੇਕਰ ਸਮੇਂ ਸਿਰ ਨਾ ਸੰਭਲਿਆ ਗਿਆ ਤਾਂ ਹਾਲਾਤ ਹੋਰ ਵੀ ਖ਼ਰਾਬ ਹੋ ਸਕਦੇ ਨੇ। ਜੇਕਰ ਅੱਜ ਦੀ ਗੱਲ ਕਰੀਏ ਤਾਂ ਸੂਬੇ ਵਿਚ 1 ਹਜ਼ਾਰ 24 ਥਾਂਵਾਂ ਤੇ ਪਰਾਲੀ ਨੂੰ ਅੱਗ ਲਗਾਈ ਗਈ ਅਤੇ ਸੂਬੇ ਵਿਚ ਅੱਗ ਦੀਆਂ ਅਜਿਹੀਆਂ ਘਟਨਾਵਾਂ ਦੀ ਗਿਣਤੀ 7 ਹਜ਼ਾਰ 828 ਤਕ ਪਹੁੰਚ ਗਈ ਏ। ਸਰਹੱਦੀ ਜ਼ਿਲਿਆਂ ਅੰਮ੍ਰਿਤਸਰ, ਤਰਨਤਾਰਨ ਅਤੇ*

*ਗੁਰਦਾਸਪੁਰ ਵਿਚ ਖਾਸ ਤੌਰ ਤੇ ਖੇਤਾਂ ਵਿਚ ਨਾੜ ਸਾੜਨ ਦੇ ਮਾਮਲੇ ਲਗਾਤਾਰ ਵੱਧ ਰਹੇ ਨੇ । ਭਾਵੇਂ ਪ੍ਰਸ਼ਾਸਨ ਇਨਾਂ ਨੂੰ ਰੋਕਣ ਦੇ ਦਾਅਵੇ ਕਰ ਰਿਹਾ ਏ ਪਰ ਰੋਜਾਨਾ ਅੱਗ ਦੀਆਂ ਘਟਨਾਵਾਂ ਵਿਚ ਵਾਧਾ ਇਨਾਂ ਦਾਅਵਿਆਂ ਤੇ ਸਵਾਲੀਆਂ ਨਿਸ਼ਾਨ ਲਗਾ ਰਿਹਾ ਏ । ਪ੍ਰਸ਼ਾਸਨ ਦੇ ਨਾਲ ਨਾਲ ਇਸ ਬਾਰੇ ਸਮਾਜ ਦੇ ਹੋਰਨਾਂ ਵਰਗਾਂ ਨੂੰ ਵੀ ਸੋਚਣ ਅਤੇ ਧਿਆਨ ਦੇਣ ਦੀ ਜਰੂਰਤ ਏ ਤਾਂ ਜੋ ਵਾਤਾਵਰਣ ਨੂੰ ਹੋਰ ਖ਼ਰਾਬ ਹੋਣ ਤੋਂ ਸਮੇਂ ਸਿਰ ਬਚਾਇਆ ਜਾ ਸਕੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-----------------------------------------------------

ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਤੇ ਕਣਕ ਦੇ ਨਾੜ ਅਤੇ ਇਸਦੇ ਰਹਿੰਦ-ਖੂੰਹਦ ਨੂੰ ਅੱਗ ਤੋਂ ਬਚਾਉਣ ਲਈ ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਦੀਆਂ ਹਦਾਇਤਾਂ ਤੇ ਇਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ । ਐਸ.ਡੀ.ਐਮ. ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿਚ ਉਨਾਂ ਜ਼ਿਲ੍ਹੇ ਦੇ ਕਲਸਟਰ ਅਤੇ ਨੋਡਲ ਅਫਸਰਾਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ

ਕਣਕ ਦੇ ਨਾੜ ਅਤੇ ਨਾੜ ਦੇ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਜ਼ਮੀਨ ਦੀ ਉਪਜਾਊ ਸ਼ਕਤੀ ਤੇ ਮਾੜਾ ਅਸਰ ਨਾ ਪਵੇ। ਉਨਾਂ ਕਿਹਾ ਕਿ ਜਿਸ ਨੋਡਲ ਅਫਸਰ ਦੇ ਖੇਤਰ ਵਿੱਚ ਅੱਗ ਦੀ ਘਟਨਾ ਵਾਪਰਦੀ ਏ ਉਸ ਸਬੰਧੀ ਰਿਪੋਰਟ ਡਿਪਟੀ ਕਮਿਸ਼ਨਰ ਦਫਤਰ ਵਿਖੇ ਭੇਜੀ ਜਾਵੇ।

---------------------------------------------------------------------

ਇਸ ਦੌਰਾਨ ਪੰਜਾਬ ਵਿਚ ਆਉਂਦੇ ਦਿਨਾਂ ਦੌਰਾਨ ਮੌਸਮ ਆਮਤੌਰ ਤੇ ਖੁਸ਼ਕ ਬਣਿਆ ਪਰ ਵੱਧ ਤੋਂ ਵੱਧ ਤਾਪਮਾਨ ਵਿਚ ਕੋਈ 4 ਡਿਗਰੀ ਸੈਲਸੀਅਸ ਤਕ ਦੇ ਵਾਧੇ ਮਗਰੋਂ ਗਰਮੀ ਦੇ ਹੋਰ ਵਧਣ ਦੀ ਸੰਭਾਵਨਾ ਏ। ਮੌਸਮ ਵਿਭਾਗ ਅਨੁਸਾਰ 16 ਤੋਂ 18 ਮਈ ਵਿਚਾਲੇ ਸੂਬੇ ਦੇ ਕਈ ਹਿੱਸਿਆਂ ਵਿੱਚ ਤਾਪਮਾਨ 44 ਤੋਂ 46 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਏ। 16 ਮਈ ਨੂੰ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਜ਼ਿਲਿਆਂ ਨੂੰ ਛੱਡ ਕੇ ਸਮੁਚੇ ਪੰਜਾਬ ਵਿਚ ਹੀਟ ਵੇਵ ਯਾਨੀ ਲੂ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ ਜਦਕਿ 17 ਮਈ ਨੂੰ ਸਮੁਚੇ ਪੰਜਾਬ ਵਿਚ ਲੂ ਦੇ ਹਾਲਾਤ ਰਹਿਣਗੇ। 18 ਮਈ ਨੂੰ ਫਾਜ਼ਿਲਕਾ,

ਫਰੀਦਕੋਟ, ਮੁਕਤਸਰ ਤੇ ਬਠਿੰਡਾ ਲਈ ਓਰੇਂਜ ਜਦਕਿ ਬਾਕੀ ਜ਼ਿਲਿਆਂ ਲਈ ਹੀਟ ਵੇਵ ਯਾਨੀ ਲੂ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਲੂ ਦੇ ਇਸ ਸੰਭਾਵਤ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਅਤੇ ਜਰੂਰੀ ਹੋਣ ਤੇ ਹੀ ਬਾਹਰ ਨਿਕਲਣ ਦੀ ਸਲਾਹ ਦਿੱਤੀ ਗਈ ਏ।

---

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਆਖਰੀ ਦਿਨ ਵੱਖ ਵੱਖ ਲੋਕਸਭਾ ਹਲਕਿਆਂ ਵਿਚ ਕਈ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।
- ਬਠਿੰਡਾ ਵਿਚ ਕਾਊਂਟਰ ਇੰਟੈਲੀਜੈਂਸ ਤੇ ਪੁਲਸ ਨੇ ਖਾਲਿਸਤਾਨੀ ਨਾਅਰੇ ਲਿਖਣ ਦੇ ਮਾਮਲੇ ਵਿਚ ਸਿੱਖਸ ਫਾਰ ਜਸਟਿਸ ਦੇ ਤਿੰਨ ਕਾਰਕੁੰਨਾਂ ਨੂੰ ਗ੍ਰਿਫ਼ਤਾਰ ਕੀਤਾ।

- ਕਣਕ ਦੀ ਨਾੜ ਖੇਤਾਂ ਵਿਚ ਹੀ ਸਾੜਨ ਦੇ ਮਾਮਲੇ ਵਧਣ ਲਗੇ, ਸਰਹੱਦੀ ਜ਼ਿਲੇ ਅੰਮ੍ਰਿਤਸਰ, ਤਰਨਤਾਰਨ ਅਤੇ ਗੁਰਦਾਸਪੁਰ ਇਸ ਵਿਚ ਮੋਹਰੀ ਬਣੇ।
- ਮੌਸਮ ਵਿਭਾਗ ਨੇ 16 ਤੋਂ 18 ਮਈ ਵਿਚਾਲੇ ਪੰਜਾਬ ਦੇ ਕਈ ਜ਼ਿਲਿਆਂ ਵਿੱਚ ਜਬਰਦਸਤ ਲੂ ਚੱਲਣ ਦੀ ਚੇਤਾਵਨੀ ਦੇਂਦਿਆਂ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।